# ਪ੍ਰੈਸ ਨੋਟ

ਅੱਜ ਮਿਤੀ 09 ਫਰਵਰੀ 2023 ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਸੇਵਾਪੰਥੀ ਅੱਡਣਸ਼ਾਹੀ, ਸਭਾ (ਰਜਿ.) ਦੇ ਸਤਿਕਾਰਯੋਗ ਸੰਤਾਂ-ਮਹੰਤਾਂ ਵੱਲੋਂ ਸਾਂਝੇ ਰੂਪ ਵਿਚ ਸੇਵਾਪੰਥੀ ਅਸਥਾਨ ਡੇਰਾ ਗਿਆਨੀ ਅਮੀਰ ਸਿੰਘ ਜੀ, ਟਕਸਾਲ ਭਾਈ ਮਨੀ ਸਿੰਘ ਜੀ, ਸਤੋਵਾਲੀ ਵਾਲੀ ਗਲੀ, ਸ੍ਰੀ ਅੰਮ੍ਰਿਤਸਰ ਸਬੰਧੀ ਪਿਛਲੇ ਦਿਨੀਂ ਛਿੜੇ ਵਿਵਾਦ ਦੀ ਪੁੱਜੀ ਸ਼ਿਕਾਇਤ ਦੇ ਅਧਾਰ 'ਤੇ ਸਿੰਘ ਸਾਹਿਬ ਜੀ ਵੱਲੋਂ ਉਕਤ ਮਾਮਲੇ ਦੀ ਘੋਖ ਪੜਤਾਲ ਕਰਨ ਲਈ ਹੇਠ ਲਿਖੇ ਅਨੁਸਾਰ ਸੱਤ ਮੈਂਬਰਾਂ ਦੀ ਕਮੇਟੀ ਬਣਾਈ ਗਈ ਹੈ, ਜੋ ਪੂਰੇ ਮਾਮਲੇ ਦੀ ਰਿਪੋਰਟ 15 ਦਿਨਾਂ ਦੇ ਅੰਦਰ-ਅੰਦਰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਭੇਜੇਗੀ। ਸਿੰਘ ਸਾਹਿਬ ਜੀ ਨੇ ਇਹ ਵੀ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅੰਤਿਮ ਫੈਸਲੇ ਆਉਣ ਤੀਕ ਕਿਸੇ ਵੀ ਧਿਰ ਵੱਲੋਂ ਦਸਤਾਰਬੰਦੀ ਦੀ ਰਸਮ ਅਦਾ ਨਹੀਂ ਕੀਤੀ ਜਾਵੇਗੀ। ਅੰਤਿਮ ਅਰਦਾਸ ਮੌਕੇ ਭੋਗ ਪਾਏ ਜਾਣਗੇ ਉਪਰੰਤ ਕਥਾ, ਕੀਰਤਨ ਤੇ ਸਿਰਫ ਗੁਰਮਤਿ ਵਿਚਾਰਾਂ ਹੀ ਹੋਣਗੀਆਂ। ਇਸ ਸਮਾਗਮ ਦੌਰਾਨ ਦੋਨਾਂ ਧਿਰਾਂ ਤਕਰਾਰਬਾਜੀ ਕਰਨ ਤੋਂ ਗੁਰੇਜ ਕਰਨ।

1. **ਸਿੰਘ ਸਾਹਿਬ ਗਿ: ਗੁਰਮਿੰਦਰ ਸਿੰਘ ਜੀ** ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।
2. **ਬਾਬਾ ਸਰਬਜੋਤ ਸਿੰਘ ਜੀ** ਬੇਦੀ, ਊਨਾ ਸਾਹਿਬ।
3. **ਸੰਤ ਬਾਬਾ ਕਸ਼ਮੀਰ ਸਿੰਘ ਜੀ** ਕਾਰ ਸੇਵਾ ਭੂਰੀ ਵਾਲੇ, ਨਿਰਮਲੇ ਤਪੋਬਨ, ਤਰਨ ਤਾਰਨ ਰੋਡ, ਸ੍ਰੀ ਅੰਮ੍ਰਿਤਸਰ।
4. **ਮਹੰਤ ਚਮਕੌਰ ਸਿੰਘ ਜੀ** ਸੇਵਾ ਪੰਥੀ ਜਨਰਲ ਸਕੱਤਰ ਸੇਵਾਪੰਥੀ ਅੱਡਣਸ਼ਾਹੀ, ਸ੍ਰੀ ਅੰਮ੍ਰਿਤਸਰ।
5. **ਮਹੰਤ ਸੁਰਿੰਦਰ ਸਿੰਘ ਜੀ** ਸਕੱਤਰ ਸੇਵਾਪੰਥੀ ਅੱਡਣਸ਼ਾਹੀ, ਡੇਰਾ ਮਿੱਠਾ ਟਿਵਾਣਾ, ਸ੍ਰੀ ਅੰਮ੍ਰਿਤਸਰ।
6. **ਸੰਤ ਬਾਬਾ ਤੇਜਾ ਸਿੰਘ ਜੀ** ਪ੍ਰਧਾਨ ਪ੍ਰਾਚੀਨ ਦੁਆਵਾਂ, ਨਿਰਮਲ ਮਹਾਂ ਮੰਡਲ, ਨਿਰਮਲ ਡੇਰਾ ਖੁੱਡਾ ਕਲਾਂ, ਹੁਸ਼ਿਆਰਪੁਰ।
7. **ਸ. ਗੁਰਮੀਤ ਸਿੰਘ ਜੀ** (ਕੋਆਰਡੀਨੇਟਰ) ਆਨਰੇਰੀ ਸਕੱਤਰ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ।

(ਨਿੱਜੀ ਸਹਾਇਕ)
95016-42277, 98555-22526